ਸੀ-I
20/4/21

**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਸੇਵਾ ਵਿਖੇ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.)
ਸਮੂਹ ਸਕੂਲ ਮੁਖੀ, ਪੰਜਾਬ ਰਾਜ।

ਮੀਮੋ ਨੰ: Samagra/smartschool/2021/132057
ਮਿਤੀ: 19-04-2021

**ਵਿਸ਼ਾ:-** **ਪ੍ਰਾਇਮਰੀ ਸਕੂਲਾਂ ਦੇ ਸਾਂਝੇ ਗੇਟਾਂ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਵੱਖ-ਵੱਖ ਜਿਲ੍ਹਾ ਸਿੱਖਿਆ ਅਫ਼ਸਰਾਂ ਅਤੇ ਸਕੂਲ ਮੁਖੀਆਂ ਵੱਲੋਂ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਬਹੁਤ ਸਾਰੇ ਪ੍ਰਾਇਮਰੀ ਸਕੂਲ ਅਜਿਹੇ ਹਨ ਜਿਨ੍ਹਾਂ ਦੇ ਆਪਣੇ ਵੱਖਰੇ ਗੇਟ ਨਹੀਂ ਹਨ। ਇਨ੍ਹਾਂ ਸਕੂਲਾਂ ਦੇ ਗੇਟ ਮਿਡਲ ਸਕੂਲ, ਹਾਈ ਸਕੂਲ ਜਾਂ ਸੀਨੀਅਰ ਸੈਕੰਡਰੀ ਸਕੂਲ ਨਾਲ ਸਾਂਝੇ ਹਨ। ਪ੍ਰੰਤੂ ਅਜਿਹੇ ਸਾਂਝੇ ਗੇਟਾਂ ਉਪਰ ਆਮ ਤੌਰ ਤੇ ਮਿਡਲ ਸਕੂਲ, ਹਾਈ ਸਕੂਲ ਜਾਂ ਸੀਨੀਅਰ ਸੈਕੰਡਰੀ ਸਕੂਲ ਦਾ ਨਾਮ ਹੀ ਲਿਖਿਆ ਹੁੰਦਾ ਹੈ ਅਤੇ ਪ੍ਰਾਇਮਰੀ ਸਕੂਲ ਦਾ ਨਾਮ ਨਹੀਂ ਲਿਖਿਆ ਹੁੰਦਾ।

3.0 ਉਪਰੋਕਤ ਸਥਿਤੀ ਦੇ ਸਨਮੁੱਖ ਆਪ ਨੂੰ ਲਿਖਿਆ ਜਾਂਦਾ ਹੈ ਕਿ ਜਿਹੜੇ ਸਥਾਨਾਂ ਤੇ ਅਜਿਹੇ ਪ੍ਰਾਇਮਰੀ ਸਕੂਲ ਮੌਜੂਦ ਹਨ, ਜਿਨ੍ਹਾਂ ਦੇ ਆਪਣੇ ਵੱਖਰੇ ਗੇਟ ਮੌਜੂਦ ਨਹੀਂ ਹਨ ਅਤੇ ਇਨ੍ਹਾਂ ਸਕੂਲਾਂ ਦੇ ਗੇਟ ਮਿਡਲ ਸਕੂਲ, ਹਾਈ ਸਕੂਲ ਜਾਂ ਸੀਨੀਅਰ ਸੈਕੰਡਰੀ ਸਕੂਲ ਨਾਲ ਸਾਂਝੇ ਹਨ, ਇਸ ਤਰ੍ਹਾਂ ਦੇ ਸਾਂਝੇ ਗੇਟਾਂ ਤੇ ਸਬੰਧਤ ਮਿਡਲ ਸਕੂਲ, ਹਾਈ ਸਕੂਲ, ਜਾਂ ਸੀਨੀਅਰ ਸੈਕੰਡਰੀ ਸਕੂਲ ਦੇ ਨਾਮ ਦੇ ਨਾਲ-ਨਾਲ ਪ੍ਰਾਇਮਰੀ ਸਕੂਲ ਦਾ ਨਾਮ ਵੀ ਲਿਖਿਆ ਜਾਵੇ ਤਾਂ ਜੋ ਪ੍ਰਾਇਮਰੀ ਸਕੂਲ ਦੀ ਆਸਾਨੀ ਨਾਲ ਪਛਾਣ ਸਕੇ।

[signature]

**ਸਕੱਤਰ ਸਕੂਲ ਸਿੱਖਿਆ**

## ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਮਾਨਸਾ।

ਪਿੱਠ ਅੰਕਣ ਨੰ:ਜੀ-1/ਸਕੂਲ/ 204133091 ਮਿਤੀ ਮਾਨਸਾ: 20/4/2021

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ਭੇਜ਼ ਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਦੀ ਪਾਲਣਾ ਇੰਨ-ਬਿਨ ਯਕੀਨੀ ਬਣਾਈ ਜਾਵੇ। ਇਸ ਨੂੰ ਅਤਿ ਜਰੂਰੀ ਸਮਝਿਆ ਜਾਵੇ।

ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ)
ਮਾਨਸਾ।